ਬਸੰਤੁ ਮਹਲਾ ੪ ॥ ਰੈਣਿ ਦਿਨਸੁ ਦੁਇ ਸਦੇ ਪਏ ॥ ਮਨ ਹਰਿ ਸਿਮਰਹੁ ਅੰਤਿ ਸਦਾ ਰਖਿ ਲਏ ॥੧॥ ਹਰਿ ਹਰਿ ਚੇਤਿ ਸਦਾ ਮਨ ਮੇਰੇ ॥ ਸਭੁ ਆਲਸੁ ਦੂਖ ਭੰਜਿ ਪ੍ਰਭੁ ਪਾਇਆ ਗੁਰਮਤਿ ਗਾਵਹੁ ਗੁਣ ਪ੍ਰਭ ਕੇਰੇ ॥੧॥ ਰਹਾਉ ॥ ਮਨਮੁਖ ਫਿਰਿ ਫਿਰਿ ਹਉਮੈ ਮੁਏ ॥ ਕਾਲਿ ਦੈਤਿ ਸੰਘਾਰੇ ਜਮ ਪੁਰਿ ਗਏ ॥੨॥ ਗੁਰਮੁਖਿ ਹਰਿ ਹਰਿ ਹਰਿ ਲਿਵ ਲਾਗੇ ॥ ਜਨਮ ਮਰਣ ਦੋਊ ਦੁਖ ਭਾਗੇ ॥ ੩॥ ਭਗਤ ਜਨਾ ਕਉ ਹਰਿ ਕਿਰਪਾ ਧਾਰੀ ॥ ਗੁਰੁ ਨਾਨਕੁ ਤੁਠਾ ਮਿਲਿਆ ਬਨਵਾਰੀ ॥੪॥੨॥ {ਪੰਨਾ 1177}

ਪਦਅਰਥ:- ਰੈਣਿ—ਰਾਤ। ਦੁਇ—ਦੋਵੇਂ। ਸਦੇ—ਸੱਦੇ {ਲਫ਼ਜ਼ 'ਸੱਦਾ' ਤੋਂ ਬਹੁ-ਵਚਨ—ਮੌਤ ਦਾ ਸਨੇਹਾ}। ਸਦੇ ਪਏ—ਸੱਦੇ ਪਏ, ਮੌਤ ਦੇ ਸੁਨੇਹੇ ਮਿਲ ਰਹੇ ਹਨ। ਮਨ—ਹੇ ਮਨ! ਅੰਤਿ—ਅੰਤ ਨੂੰ, ਆਖ਼ਰ ਨੂੰ, ਅੰਤ ਵੇਲੇ। ਰਖਿ ਲੀਏ—ਰੱਖਿਆ ਕਰਦਾ ਹੈ।1।

ਚੇਤਿ—ਚੇਤੇ ਕਰ। ਸਭੁ—ਸਾਰਾ। ਦੂਖ—ਸਾਰੇ ਦੁੱਖ। ਭੰਜਿ—ਨਾਸ ਕਰ ਕੇ। ਗੁਰਮਤਿ—ਗੁਰੂ ਦੀ ਮਤਿ ਲੈ ਕੇ। ਕੇਰੇ—ਦੇ।1। ਰਹਾਉ।

ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ। ਮੁਏ—ਆਤਮਕ ਮੌਤ ਸਹੇਹੜਦੇ ਹਨ। ਕਾਲਿ—ਕਾਲ ਨੇ। ਦੈਤਿ—ਦੈਂਤ ਨੇ। ਸੰਘਾਰੇ—ਮਾਰ ਦਿੱਤੇ। ਜਮਪੁਰਿ—ਜਮ ਦੀ ਪੁਰੀ ਵਿਚ।2।

ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ। ਲਿਵ—ਲਗਨ। ਭਾਗੇ—ਦੂਰ ਹੋ ਜਾਂਦੇ ਹਨ।3।

ਕਉ—ਨੂੰ। ਤੁਠਾ—ਦਇਆਵਾਨ ਹੋਇਆ। ਬਨਵਾਰੀ—ਪਰਮਾਤਮਾ।4।

ਅਰਥ:- ਹੇ ਮੇਰੇ ਮਨ! ਸਦਾ ਪਰਮਾਤਮਾ ਨੂੰ ਯਾਦ ਕਰਿਆ ਕਰ, ਗੁਰੂ ਦੀ ਮਤਿ ਲੈ ਕੇ ਪਰਮਾਤਮਾ ਦੇ ਗੁਣ ਗਾਇਆ ਕਰ। (ਜਿਸ ਮਨੁੱਖ ਨੇ ਇਹ ਉੱਦਮ ਕੀਤਾ, ਉਸ ਨੇ) ਸਾਰਾ ਆਲਸ ਦੂਰ ਕਰ ਕੇ ਆਪਣੇ ਸਾਰੇ ਦੁੱਖ ਨਾਸ ਕਰ ਕੇ ਪਰਮਾਤਮਾ ਦਾ ਮਿਲਾਪ ਹਾਸਲ ਕਰ ਲਿਆ।1। ਰਹਾਉ।

ਹੇ ਮੇਰੇ ਮਨ! ਰਾਤ ਅਤੇ ਦਿਨ ਦੋਵੇਂ ਮੌਤ ਦਾ ਸੱਦਾ ਦੇ ਰਹੇ ਹਨ (ਕਿ ਉਮਰ ਬੀਤ ਰਹੀ ਹੈ, ਤੇ, ਮੌਤ ਨੇੜੇ ਆ ਰਹੀ ਹੈ)। ਹੇ ਮਨ! ਪਰਮਾਤਮਾ ਦਾ ਨਾਮ ਸਿਮਰਿਆ ਕਰ, ਹਰਿ-ਨਾਮ ਹੀ ਅੰਤ ਵੇਲੇ ਸਦਾ ਰੱਖਿਆ ਕਰਦਾ ਹੈ।1।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਮੁੜ ਮੁੜ ਹਉਮੈ ਦੇ ਕਾਰਨ ਆਤਮਕ ਮੌਤ ਸਹੇੜਦੇ ਰਹਿੰਦੇ ਹਨ। ਜਦੋਂ ਕਾਲ ਦੈਂਤ ਨੇ ਉਹਨਾਂ ਨੂੰ ਮਾਰ ਮੁਕਾਇਆ, ਤਦੋਂ ਜਮਾਂ ਦੇ ਵੱਸ ਪੈ ਗਏ।2।

ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖਾਂ ਦੇ ਅੰਦਰ ਪਰਮਾਤਮਾ ਦੇ ਨਾਮ ਦੀ ਲਗਨ ਲੱਗਦੀ ਹੈ (ਜਿਸ ਦੀ ਬਰਕਤਿ ਨਾਲ) ਜੰਮਣ ਤੇ ਮਰਨ ਦੇ ਉਹਨਾਂ ਦੇ ਦੋਵੇਂ ਦੁੱਖ ਦੂਰ ਹੋ ਜਾਂਦੇ ਹਨ।3।

ਹੇ ਭਾਈ! ਆਪਣੇ ਭਗਤਾਂ ਉਤੇ ਪਰਮਾਤਮਾ ਆਪ ਮਿਹਰ ਕਰਦਾ ਹੈ (ਉਹਨਾਂ ਨੂੰ ਗੁਰੂ ਮਿਲਾਂਦਾ ਹੈ)। ਹੇ ਭਾਈ! ਜਿਸ ਮਨੁੱਖ ਉੱਤੇ ਗੁਰੂ ਨਾਨਕ ਦਇਆਵਾਨ ਹੋਇਆ, ਉਸ ਨੂੰ ਪਰਮਾਤਮਾ ਮਿਲ ਪਿਆ।4।2।